- ਜਮਾ ਕਰਤਾ :-

ਹਰਪ੍ਰੀਤ ਕੌਰ
ਪੰਜਾਬੀ ਵਿਭਾਗ
ਸਰਕਾਰੀ ਕਾਲਜ ਲੜਕੀਆਂ,
ਲੁਧਿਆਣਾ



# ਪੰਜਾਬੀ ਸੱਭਿਆਚਾਰ

# ਪੰਜਾਬੀ ਸੱਭਿਆਚਾਰ

ਸੱਭਿਆਚਾਰ ਲੋਕ ਸਮੂਹ ਦੁਆਰਾ ਸਿਰਜੀ ਵਿਸ਼ੇਸ਼ ਜੀਵਨ ਜਾਚ ਦਾ ਨਾਂ ਹੈ। ਪਸ਼ੂ ਜੀਵਨ ਤੋਂ ਅਗਾਂਹ ਲੰਘ ਮਨੁੱਖ ਆਪਣੀਆਂ ਅੰਦਰੂਨੀ ਕਰਤਾਰੀ ਸ਼ਕਤੀਆਂ ਨੂੰ ਪ੍ਰਗਟ ਕਰਨ ਤੇ ਵਿਉਂਤਣ ਲਈ ਸੱਭਿਆਚਾਰ ਸਿਰਜਦਾ ਹੈ। ਮਨ, ਸਰੀਰ ਅਤੇ ਆਤਮਾ ਦੀ ਇਕਸੁਰਤਾ ਪੈਦਾ ਕਰਦਿਆਂ ਬੁਨਿਆਦੀ ਮਨੁੱਖੀ ਲੋੜਾਂ ਨੂੰ ਪੂਰਾ ਕਰਨਾ ਅਤੇ ਨਾਲ ਹੀ ਮਨੁੱਖ ਦੀਆਂ ਨਿੱਜੀ ਅਤੇ ਸਮੂਹਿਕ ਸੰਭਾਵਨਾਵਾਂ ਨੂੰ ਪ੍ਰਫੁਲਿਤ ਕਰਨਾ ਸੱਭਿਆਚਾਰ ਦਾ ਮੁੱਖ ਲਕਸ਼ ਹੁੰਦਾ ਹੈ। ਵਿਸ਼ੇਸ਼ ਭੁਗੋਲਿਕ ਖਿੱਤੇ ਦੀਆਂ

ਪਦਾਰਥਿਕ, ਕੁਦਰਤੀ ਅਤੇ ਮੌਸਮੀ ਪਰਿਸਥਿਤੀਆਂ ਮੁਤਾਬਕ ਲੋਕ ਜ਼ਿੰਦਗੀ ਦੇ ਨਿੱਕੇ ਤੋਂ ਨਿੱਕੇ ਪੱਖ ਤੋਂ ਲੈ ਕੇ ਵੱਡੇ ਤੋਂ ਵੱਡੇ ਮਨੋਰਥ ਲਈ ਬੜਾ ਵੰਨ-ਸੁਵੰਨਾ ਸੱਭਿਆਚਾਰਿਕ ਪ੍ਰਬੰਧ ਉਸਾਰਦੇ ਆਏ ਹਨ। ਸੱਭਿਆਚਾਰ ਇੱਕ ਗਤੀਸ਼ੀਲ ਵਰਤਾਰਾ ਹੈ। ਪਦਾਰਥਿਕ, ਰਾਜਸੀ ਅਤੇ ਹੋਰ ਬਦਲਾਵ ਇਸ ਵਿੱਚ ਤਬਦੀਲੀ ਲਿਆਉਂਦੇ ਰਹਿੰਦੇ ਹਨ। ਪੰਜਾਬੀ ਸੱਭਿਆਚਾਰ ਦਾ ਅਸਲ ਸਰੂਪ ਵੀ ਇਸ ਗਤੀਸ਼ਿਲਤਾ ਵਿੱਚੋਂ ਪਛਾਣਨ ਦੀ ਲੋੜ ਹੈ। ਬਹੁਤੀ ਵਾਰ ਅਸੀਂ ਅਗਿਆਨਤਾ ਵੱਸ ਪ੍ਰਾਚੀਨਤਾ ਨੂੰ ਹੀ

ਸੱਭਿਆਚਾਰ ਮੰਨਣ-ਮਨਾਉਣ ਦਾ ਯਤਨ ਕਰਦੇ ਹਾਂ। ਵਾਸਤਵ ਵਿੱਚ ਸੱਭਿਆਚਾਰ ਸੱਚੀ ਅਤੇ ਸੁੱਚੀ, ਵਡੇਰੀ ਅਤੇ ਸੂਝ ਭਰੀ ਸ਼ਖ਼ਸੀਅਤ ਸਿਰਜਣ ਲਈ ਮਨੁੱਖਾਂ ਵੱਲੋਂ ਉਸਾਰਿਆ ਗਿਆ ਇੱਕ ਸਾਂਝਾ ਪ੍ਰਬੰਧ ਹੈ। ਇਸੇ ਲੋੜ ਹਿਤ ਘਰ, ਪਰਿਵਾਰ, ਭਾਈਚਾਰਾ, ਰਿਸ਼ਤਾ – ਨਾਤਾ ਪ੍ਰਬੰਧ, ਵਿਆਹ – ਪ੍ਰਬੰਧ, ਰੀਤੀ – ਰਿਵਾਜ, ਵਿਸ਼ਵਾਸ, ਕੀਮਤਾਂ, ਪ੍ਰਤਿਮਾਨ, ਕਲਾਵਾਂ, ਪਹਿਰਾਵਾ, ਹਾਰ-ਸ਼ਿੰਗਾਰ, ਲੋਕਧਾਰਾ ਅਤੇ ਅਜਿਹੀਆਂ ਹੋਰ ਵੰਨਗੀਆਂ ਦੀ ਸਿਰਜਣਾ ਹੁੰਦੀ ਆਈ ਹੈ। ਇਹ ਸਭ ਸਿਰਜਣਾਵਾਂ ਮਨੁੱਖ ਨੂੰ ਪਸ਼ੂਪੁਣੇ ਤੋਂ ਉੱਪਰ ਉਠਾ ਕੇ ਉਸਾਰੂ ਅਤੇ ਸੁਚਾਰੂ ਮਨੁੱਖ ਬਣਨ-ਬਣਾਉਣ ਲਈ ਸਿਰਜੇ ਗਏ ਵਸੀਲੇ ਹਨ।



# ਘੋੜੀਆਂ

ਵਿਆਹ ਦੇ ਦਿਨਾਂ ਵਿੱਚ ਮੁੰਡੇ ਦੇ ਘਰ ਇਸਤਰੀਆਂ ਵੱਲੋਂ ਗਾਏ ਜਾਣ ਵਾਲੇ ਲੋਕ-ਗੀਤ ਘੋੜੀਆਂ ਅਖਵਾਉਂਦੇ ਹਨ। ਘੋੜੀ ਲੋਕ-ਗੀਤ ਵਿੱਚ ਮੁੰਡੇ ਦੀ ਮਾਂ, ਭੈਣ ਤੇ ਹੋਰ ਨਜ਼ਦੀਕੀ ਰਿਸ਼ਤੇ ਦੀਆਂ ਇਸਤਰੀਆਂ ਵੱਲੋਂ ਮੁੰਡੇ ਦੇ ਖ਼ਾਨਦਾਨ ਦੀ ਵਡਿਆਈ ਤੇ ਵਿਆਹ ਦੇ ਰੂਪ ਵਿੱਚ ਇਸ ਖ਼ਾਨਦਾਨ ਦੇ ਜਲੌਂ ਦਾ ਵਰਨਣ ਹੁੰਦਾ ਹੈ। ਮੁੰਡੇ ਨਾਲ ਉਸ ਦੇ ਮਾਪਿਆਂ ਤੇ ਸਾਕ-ਸੰਬੰਧਿਆਂ ਦੇ ਲੰਮੇ ਮੋਹ ਦਾ ਰਿਸ਼ਤਾ ਤੇ ਲੁਟਾਇਆ ਜਾਂਦਾ ਲਾਡ-ਪਿਆਰ ਦੱਸਿਆ ਹੁੰਦਾ ਹੈ ਅਤੇ ਉਸ ਦੇ ਭਵਿੱਖ ਬਾਰੇ ਸ਼ੁਭ-ਕਾਮਨਾਵਾਂ ਪ੍ਰਗਟ ਕੀਤੀਆਂ ਹੁੰਦੀਆਂ ਹਨ।



# ਸੁਹਾਗ

ਵਿਆਹ ਦੇ ਦਿਨਾਂ ਵਿੱਚ ਕੁੜੀ ਦਾ ਘਰ ਇਸਤਰੀਆਂ ਵੱਲੋਂ ਗਾਏ ਜਾਂਦੇ ਲੋਕ-ਗੀਤ 'ਸੁਹਾਗ' ਅਖਵਾਉਂਦੇ ਹਨ। ਇਹ ਲੋਕ-ਗੀਤ ਵਿਆਹੀ ਜਾਣ ਵਾਲੀ ਕੁੜੀ ਦੇ ਮਨੋਭਾਵਾਂ, ਵਿਆਹ ਦੀ ਕਾਮਨਾ, ਸੋਹਣੇ ਵਰ ਅਤੇ ਚੰਗੇ ਘਰ ਦੀ ਲੋਚਾ, ਪੇਕੇ ਅਤੇ ਸਹੁਰੇ ਘਰ ਨਾਲ ਇੱਕ-ਰਸ ਵਿਆਹੁਤਾ ਜ਼ਿੰਦਗੀ ਦੀ ਕਲਪਨਾ, ਮਾਪਿਆਂ ਦਾ ਘਰ ਛੱਡੇ ਜਾਣ ਦਾ ਉਦਰੇਵਾਂ ਅਤੇ ਸੱਭਿਆਚਾਰਿਕ ਪ੍ਰਭਾਵਾਂ ਹੇਠ ਬੁਣੇ ਸੁਪਨਿਆਂ ਆਦਿ ਦੇ ਪ੍ਰਗਟਾ ਦਾ ਮਾਧਿਅਮ ਬਣਦੇ ਹਨ। ਇਹਨਾ ਲੋਕ-ਗੀਤਾਂ ਵਿੱਚ ਵਿਆਹੀ ਜਾਣ ਵਾਲੀ ਕੁੜੀ ਦੇ ਪੇਕੇ ਪਰਿਵਾਰ ਦੇ ਜੀਆਂ ਨਾਲ਼ ਵਿਭਿੰਨ ਰਿਸ਼ਤੇ ਅਤੇ ਫਿਰ ਸਹੁਰੇ ਘਰ ਵਿੱਚ ਨਵੇਂ ਬਣੇ ਰਿਸ਼ਤੇ ਬਾਰ-ਬਾਰ ਆਏ ਹਨ। ਰਿਸ਼ਤਿਆਂ ਦੇ ਇਸ ਤਾਣੇ-ਬਾਣੇ ਵਿੱਚ ਕਿਤੇ ਨਿੱਘ ਹੈ, ਕਿਤੇ ਤਣਾਉ ਹੈ।ਇਹਨਾਂ ਵਿੱਚ ਹੀ ਸਮਾਜਿਕ ਅਤੇ ਆਰਥਿਕ ਪੱਖ ਸਿਧੇ ਜਾਂ ਅਸਿੱਧੇ ਢੰਗ ਨਾਲ਼ ਅਸਰਦਾਰ ਹੁੰਦੇ ਦਿਸਦੇ ਹਨ।



# ਲੋਕ ਗੀਤ

ਲੋਕ-ਗੀਤ, ਲੋਕ-ਮਨਾਂ ਦੇ ਅਜਿਹੇ ਸੁੱਚੇ ਪ੍ਰਗਟਾਵੇ ਹਨ ਜੋ ਸੁੱਤ-ਸਿੱਧ ਲੋਕ ਹਿਰਦਿਆਂ ਵਿੱਚੋਂ ਝਰਨਿਆਂ ਦੀ ਤਰਾਂ ਝਰਕੇ, ਲੋਕ ਚੇਤਿਆਂ ਦਾ ਅੰਗ ਬਣਦੇ ਹੋਏ ਪੀੜ੍ਹੀ-ਦਰ-ਪੀੜ੍ਹੀ ਅਗੇਰੇ ਪਹੁੰਚਦੇ ਹਨ। ਇਹ ਕਿਸੇ ਕੌਮ ਦਾ ਅਣਵੰਡਿਆ ਕੀਮਤੀ ਸਰਮਾਇਆ ਹੁੰਦੇ ਹਨ। ਕਿਸੇ ਬੋਲੀ ਦੇ ਸਾਹਿਤ ਦੀ ਇਹ ਅਜਿਹੀ ਪਲੇਠੀ ਕਿਰਤ ਹੁੰਦੇ ਹਨ ਜਿਨ੍ਹਾਂ ਵਿੱਚ ਲੋਕਾਂ ਦੇ ਅਵਚੇਤਨ ਮਨ ਦੀਆਂ ਆਪ-ਮੁਹਾਰੀਆ ਛੱਲਾਂ ਲੈ-ਬੱਧ ਰੂਪ ਧਾਰਦੀਆਂ ਰਹਿੰਦੀਆਂ ਹਨ। ਇਹ ਕੌਮਾਂ ਦੇ ਹਿਰਦਿਆਂ ਅੰਦਰ ਸਾਂਝ ਤੇ ਅੱਪਣਤ ਦੀ ਵਗਦੀ ਸਾਂਝੀ ਰੌਂ ਨੂੰ ਪੁਨਰ ਸਰਜੀਤ ਕਰਨ ਤੇ ਲੋਕਾਂ ਨੂੰ ਸਾਂਝੀ -ਸੱਭਿਆਚਾਰਿਕ ਕੜੀ ਤੇ ਭਾਵਕ ਏਕਤਾ ਵਿੱਚ ਬੰਨ੍ਹੀ ਰੱਖਣ ਦਾ ਸਾਰਥਕ ਰੋਲ ਦਾ ਕਰਦੇ ਹਨ।



# ਬੋਲੀਆਂ

ਲੰਮੀਆਂ ਬੋਲੀਆਂ ਸਮੂਹਕ ਰੂਪ ਵਿੱਚ ਗਾਇਆ ਜਾਣ ਵਾਲ਼ਾ ਲੋਕ-ਕਾਵਿ ਹੈ। ਇਸ ਵਿੱਚ ਪਹਿਲੀਆਂ ਤੁਕਾਂ ਦਾ ਤੋਲ ਅਤੇ ਤੁਕਾਂਤ ਲਗ-ਪਗ ਬਰਾਬਰ ਹੁੰਦਾ ਹੈ। ਆਖਰੀ ਤੁਕ ਜਿਸ ਨੂੰ ਤੋੜਾ ਕਿਹਾ ਜਾਂਦਾ ਹੈ ਲਗ-ਪਗ ਅੱਧੀ ਹੁੰਦੀ ਹੈ। ਬੋਲੀ ਨੂੰ ਮਰਦ ਵੀ ਗਾਉਂਦੇ ਹਨ ਅਤੇ ਔਰਤਾਂ ਵੀ। ਮਰਦ ਇਸ ਨੂੰ ਭੰਗੜੇ ਵਿੱਚ ਗਾਉਂਦੇ ਹਨ ਅਤੇ ਔਰਤਾਂ ਗਿੱਧੇ ਵਿੱਚ ਗਾਉਂਦੀਆਂ ਹਨ। ਮਰਦਾਂ ਦੀਆਂ ਬੋਲੀਆਂ ਵਿੱਚ ਮਰਦਾਂ ਦੀ ਦ੍ਰਿਸ਼ਟੀ ਤੋਂ ਸੰਸਾਰ ਨੂੰ ਵੇਖਿਆ ਗਿਆ ਹੈ। ਇਹਨਾਂ ਵਿੱਚ ਇਸਤਰੀ-ਰੂਪ ਦੀ ਵਡਿਆਈ, ਕਿਸਾਨੀ ਜੀਵਨ ਦੇ ਅਨੁਭਵ ਵਿੱਚ ਆਉਂਦੀ ਪ੍ਰਕਿਰਤੀ,ਫ਼ਸਲੀ-ਚਕਰ,ਮੇਲੇ ਤਿਉਹਾਰ,ਆਰਥਿਕ ਤੇ ਸਮਾਜਿਕ ਪਹਿਲੂ ਝਲਕਦੇ ਹਨ। ਪੰਜਾਬੀਆਂ ਦਾ ਜੀਵਨ-ਅਨੁਰਾਗ ਅਤੇ ਬ੍ਰਹਿਮੰਡ ਨਾਲ਼ ਇਕਸੁਰਤਾ ਦੀ ਚੇਸ਼ਟਾ ਵੀ ਇਹਨਾਂ ਬੋਲੀਆਂ ਵਿੱਚ ਪ੍ਰਗਟ ਹੋਈ ਹੈ। ਔਰਤਾਂ ਦੀਆਂ ਬੋਲੀਆਂ ਵਿੱਚ ਉਹਨਾਂ ਦੀ ਹਰ ਜੀਵਨ-ਅਵਸਥਾ ਦੇ ਅਨੁਭਵ ਤੇ ਮਾਨਸਿਕਤਾ ਅਤੇ ਜਜ਼ਬਾਤੀ ਘੁਟਣ ਨੂੰ ਪ੍ਰਗਟਾਵਾ ਮਿਲਿਆ ਹੈ। ਦੋਹਾਂ ਤਰ੍ਹਾਂ ਦੀਆਂ ਬੋਲੀਆਂ ਵਿੱਚ ਕਈਂ ਥਾਂਈ ਅਨੁਭਵ ਦੀ ਸਾਂਝ ਵੀ ਮਿਲਦੀ ਹੈ।

# ਲੋਕ-ਨਾਚ

ਪੰਜਾਬ ਦੇ ਲੋਕ-ਨਾਚਾਂ ਦਾ ਅਰੰਭ ਬਹੁਤ ਪੁਰਾਤਨ ਹੈ ਪਰ ਪੰਜਾਬੀ ਨਾਚਾਂ ਵਿਚ ਧਾਰਮਿਕ ਭਾਵਨਾ ਬਿਲਕੁਲ ਨਹੀਂ ਹੈ, ਜਦ ਕਿ ਹੋਰ ਪ੍ਰਾਂਤਾਂ ਵਿਚ ਇਸ ਦੀ ਮੌਜੂਦਗੀ ਹੈ। ਭੰਗੜਾ, ਗਿੱਧਾ, ਝੂਮਰ ਤੇ ਲੁੱਡੀ ਸਭ ਅਜਿਹੇ ਨਾਚ ਹਨ। ਪੰਜਾਬ ਦੇ ਲੋਕ-ਨਾਚ ਹਰ ਕੋਈ ਨਹੀਂ ਨੱਚ ਸਕਦਾ। ਕਿਉਂਕਿ ਇਨ੍ਹਾਂ ਲਈ ਸਰੀਰਕ ਤਾਕਤ ਹੋਣੀ ਬਹੁਤ ਹੀ ਜ਼ਰੂਰੀ ਹੈ। ਪੰਜਾਬ ਲੋਕ-ਨਾਚਾਂ ਨੂੰ ਵੇਖਣ ਵਾਲੇ ਵੀ ਝੂਮ ਉਠਦੇ ਹਨ।

ਗਿੱਧਾ ਗਿੱਧਾ ਕਰੇਂ ਮੇਲਣੇਂ,
ਗਿੱਧਾ ਪਊ ਬਥੇਰਾ ।
ਨਜ਼ਰ ਮਾਰ ਕੇ ਵੇਖ ਮੇਲਣੇਂ,
ਭਰਿਆ ਪਿਆ ਬਨੇਰਾ ।
ਸਾਰੇ ਪਿੰਡ ਦੇ ਲੋਕੀ ਆ ਗਏ,
ਕੀ ਬੁਢੜਾ ਕੀ ਠੇਰਾ,
ਮੇਲਣੇ ਨੱਚਲੈ ਨੀ,
ਦੇ ਲੈ ਸ਼ੌਂਕ ਦਾ ਗੇੜਾ,
ਮੇਲਣੇ ਨੱਚਲੈ ਨੀ,
ਦੇ ਲੈ ਸ਼ੌਂਕ ਦਾ ਗੇੜਾ ।



# ਭੰਗੜਾ

ਭੰਗੜਾ ਪੰਜਾਬੀ ਗਭਰੂਆਂ ਦਾ ਨਾਚ ਹੈ । ਮੂਲ ਰੂਪ ਵਿਚ ਇਸ ਦਾ ਸਬੰਧ ਕਣਕ ਦੀ ਫ਼ਸਲ ਨਾਲ ਹੈ । ਵਿਸਾਖੀ ਦੇ ਤਿਉਹਾਰ ਸਮੇਂ ਇਹ ਖਾਸ ਕਰਕੇ ਨੱਚਿਆ ਜਾਂਦਾ ਹੈ । ਥਾਂ-ਥਾਂ ਤੇ ਮੇਲੇ ਲੱਗਦੇ ਹਨ ਤੇ ਇਹ ਨਾਚ ਨੱਚਿਆ ਜਾਂਦਾ ਹੈ । 'ਢੋਲ' ਇਸ ਦਾ ਜ਼ਰੂਰੀ ਸਾਜ਼ ਹੈ । ਢੋਲ ਦੀ ਤਾਲ ਨਾਲ ਹੀ ਗਭਰੂ ਪੈਰ ਚੁੱਕਦੇ ਹਨ । ਹੌਲੀ ਕਰਕੇ ਇਕ ਜਣਾ ਬੋਲੀ ਪਾਉਂਦਾ ਤੇ ਫੇਰ 'ਬੱਲੇ-ਬੱਲੇ ਕਰਕੇ ਉਸ ਬੋਲੀ ਦੀ ਤਾਲ ਨਾਲ ਢੋਲ ਵਜਾ ਕੇ ਇਹ ਨਾਚ ਨੱਚਿਆ ਜਾਂਦਾ ਹੈ।



# ਗਿੱਧਾ

'ਗਿੱਧਾ' ਪੰਜਾਬ ਦਾ ਸਭ ਤੋਂ ਸੌਖਾ ਤੇ ਹਰਮਨ ਪਿਆਰਾ ਨਾਚ ਹੈ । ਵਿਆਹਾਂ ਸਮੇਂ, ਤੀਆਂ ਦੇ ਤਿਉਹਾਰ ਤੇ ਹੋਰ ਖੁਸ਼ੀ ਦੇ ਮੌਕਿਆਂ ਤੇ ਇਹ ਨਾਚ ਨੱਚਿਆ ਜਾਂਦਾ ਹੈ । ਇਕ ਕੁੜੀ ਬੋਲੀ ਪਾਉਂਦੀ ਹੈ ਤੇ ਬੋਲੀ ਦੀ ਤੁਕ ਨੂੰ ਬਾਕੀ ਕੁੜੀਆਂ ਚੁੱਕ ਲੈਂਦੀਆਂ ਹਨ ਤੇ ਤਾੜੀਆਂ ਦਾ ਤਾਲ ਨਾਲ ਗਿੱਧਾ ਪਾਇਆ ਜਾਂਦਾ ਹੈ । ਤਰ੍ਹਾਂ-ਤਰ੍ਹਾਂ ਦੇ ਸਾਂਗ ਜਾਂ ਨਕਲਾਂ ਵੀ ਲਾਹੀਆਂ ਜਾਂਦੀਆਂ ਹਨ । ਬੋਲੀਆਂ ਵਿਚ ਵਿਅੰਗ ਬੜਾ ਤਿੱਖਾ ਹੁੰਦਾ ਹੈ ਇਸ ਕਾਰਨ ਇਹ ਹੋਰ ਵੀ ਸਵਾਦਲੀਆਂ ਬਣ ਜਾਂਦੀਆਂ ਹਨ।

# ਅੰਤ
# ਵਿੱਚ
# ਇੱਕ ਪੁਕਾਰ



ਹਰੇਕ ਸੱਭਿਆਚਾਰ ਵਾਂਗ ਪੰਜਾਬੀ ਸੱਭਿਆਚਾਰ ਵੀ ਨਿਰੰਤਰ ਬਦਲ ਰਿਹਾ ਹੈ। ਇਸ ਨੇ ਹਮੇਸ਼ਾਂ ਬਦਲਣਾ ਹੈ। ਵਿਸ਼ਵੀਕਰਨ ਨੇ ਇਸ ਤਬਦੀਲੀ ਨੂੰ ਤੇਜ਼ ਵੀ ਕੀਤਾ ਹੈ। ਕੁਝ ਪੱਖਾਂ ਤੋਂ ਹਾਂ ਵਾਚਕ ਪ੍ਰਭਾਵ ਪਏ ਹਨ। ਫਜ਼ੂਲ ਤੇ ਦਕੀਆਨੂਸੀ ਦੀਵਾਰਾਂ ਨੂੰ ਲਾਂਭੇ ਕਰਨ ਦਾ ਕਾਰਜ ਕੀਤਾ ਹੈ। ਨਵੇਂ ਵਧੀਆ ਮੌਕੇ ਵੀ ਦਿੱਤੇ ਹਨ। ਪਰ ਨਾਲੋ ਨਾਲ ਸਾਡੀਆਂ ਖ਼ੂਬਸੂਰਤ , ਲਾਹੇਵੰਦ , ਲਾਜ਼ਮੀ ਤੇ ਚਿਰੰਜੀਵੀ ਸੱਭਿਆਚਾਰਿਕ ਸਿਰਜਨਾਵਾਂ ਨੂੰ ਢਾਹ ਵੀ ਲਾਈ ਹੈ। ਸਿਰਫ਼ ਤਬਦੀਲੀ ਆਪਣੇ ਆਪ ਵਿੱਚ ਵੱਡੇ ਮਾਅਨੇ ਨਹੀਂ ਰੱਖਦੀ। ਤਬਦੀਲੀ ਦਾ ਮੰਤਵ ਤੇ ਦਿਸ਼ਾ ਜ਼ਿਆਦਾ ਮਹੱਤਵਪੂਰਨ ਹੁੰਦੀ ਹੈ। ਖੁੱਲ੍ਹੇ ਪੰਜਾਬੀ ਸੁਭਾਅ ਨੂੰ ਬਰਕਰਾਰ ਰੱਖਦਿਆਂ ਹੋਇਆਂ ਪੰਜਾਬੀਆਂ ਨੂੰ ਆਧੁਨਿਕ ਜ਼ਮਾਨੇ ਦੇ ਚੰਗੇ ਤੇ ਉੱਤਮ ਪ੍ਰਭਾਵ ਗ੍ਰਹਿਣ ਕਰਨ ਤੋਂ ਸੰਕੋਚ ਨਹੀਂ ਕਰਨਾ ਚਾਹੀਦਾ। ਪਰ ਹਰੇਕ ਪੱਛਮੀ ਚੀਜ਼ ਦੀ ਨਕਲ ਕਰਨਾ ਵੀ ਸਿਆਣਪ ਨਹੀਂ ਸਗੋਂ ਇਹ ਕਮ-ਅਕਲੀ ਦਾ ਸਬੂਤ ਹੈ। ਪੰਜਾਬੀ ਸੱਭਿਆਚਾਰ ਦਾ ਇਤਿਹਾਸ ਗਵਾਹ ਹੈ ਕਿ ਜਦੋਂ ਵੀ ਪੰਜਾਬੀ ਜ਼ਮਾਨੇ ਦੀਆਂ ਨਵੀਆਂ ਵੰਗਾਰਾਂ ਅਤੇ ਵਧੀਆ ਮੌਕਿਆਂ ਨੂੰ ਆਪਣੀ ਦੂਰ-ਅੰਦੇਸ਼ੀ , ਵਿਹਾਰਕ ਸਿਆਣਪ ਅਤੇ ਦਲੇਰ ਪਹਿਲ-ਕਦਮੀ ਵਾਲੇ ਸੁਭਾਅ ਮੁਤਾਬਕ ਟੱਕਰੇ ਹਨ , ਉਹਨਾਂ ਨੇ ਨਵਾਂ ਇਤਿਹਾਸ ਸਿਰਜਿਆ ਹੈ; ਨਵੀਆਂ ਪ੍ਰਾਪਤੀਆਂ ਕੀਤੀਆਂ ਹਨ , ਨਵੀਆਂ ਮੰਜ਼ਲਾਂ ਮਾਰੀਆਂ ਹਨ।

# ਧੰਨਵਾਦ